# ਲਾਲਾ ਜਗਤ ਨਰਾਇਣ ਐਜੂਕੇਸ਼ਨ ਕਾਲਜ,
# ਜਲਾਲਾਬਾਦ (ਪੱ)

## (ਰਿਪੋਰਟ)

ਮਿਤੀ 1 ਅਪ੍ਰੈਲ 2026
ਸਮਾਂ 10:30 ਤੋਂ 11:30
ਸਥਾਨ: ਲਾਲਾ ਜਗਤ ਨਰਾਇਣ ਐਜੂਕੇਸ਼ਨ ਕਾਲਜ, ਜਲਾਲਾਬਾਦ (ਪੱ)

**ਮਨੁੱਖੀ ਜੀਵਨ ਦਾ ਸੰਗੀਤਕ ਸਬੰਧੀ ਐਕਸਟੈਨਸ਼ਨ ਲੈਕਚਰ**

ਸਥਾਨਕ ਲਾਲਾ ਜਗਤ ਨਾਰਾਇਣ ਐਜੂਕੇਸ਼ਨ ਕਾਲਜ, ਜਲਾਲਾਬਾਦ (ਪੱ) ਵਿਖੇ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸ੍ਰੀ ਅਸ਼ੋਕ ਕੁਮਾਰ ਅਨੇਜਾ ਜੀ, ਪ੍ਰਧਾਨ ਸ੍ਰੀ ਪ੍ਰਦੀਪ ਕੁਮਾਰ ਚੁੱਘ ਜੀ, ਖਜ਼ਾਨਚੀ ਸ੍ਰੀ ਚੰਦਰ ਸ਼ੇਖਰ ਗੁੰਬਰ ਜੀ, ਸਿੱਖਿਆ ਸ਼ਾਸਤਰੀ ਸਰਦਾਰ ਗੁਰਬਖਸ਼ ਸਿੰਘ ਖੁਰਾਣਾ ਜੀ, ਪ੍ਰਿੰਸੀਪਲ ਡਾ. ਨੀਤਿਕਾ ਜੀ ਦੀ ਯੋਗ ਅਗਵਾਈ ਅਧੀਨ ਕਾਲਜ ਵਿਖੇ ਮਨੁੱਖੀ ਜੀਵਨ ਦਾ ਸੰਗੀਤਕ ਸੰਬੰਧ ਤੇ ਐਕਸਟੈਨਸ਼ਨ ਲੈਕਚਰ ਕਰਵਾਇਆ ਗਿਆ। ਜਿਸ ਵਿੱਚ ਸਹਾਇਕ ਪ੍ਰੋਫ਼ੈਸਰ ਸਰਦਾਰ ਗੁਰਜੀਤ ਸਿੰਘ ਜੀ. ਜੀ. ਐਸ ਡੀ. ਏ. ਵੀ ਕਾਲਜ ਜਲਾਲਾਬਾਦ (ਪੱ) ਤੇ ਵਿਸ਼ੇਸ਼ ਤੌਰ ਤੇ ਪਹੁੰਚੇ। ਉਹਨਾਂ ਨੇ ਮਨੁੱਖੀ ਜੀਵਨ ਵਿੱਚ ਸੰਗੀਤ ਦੇ ਮੱਹਤਵ ਤੇ ਪ੍ਰਭਾਵ ਬਾਰੇ ਵਿਦਿਆਰਥੀਆਂ ਨਾਲ ਜਾਣਕਾਰੀ ਸਾਂਝੀ ਕੀਤੀ। ਉਹਨਾਂ ਨੇ ਕਿਹਾ ਕਿ ਸੰਗੀਤ ਸਿਰਫ਼ ਮਨੋਰੰਜਨ ਦਾ ਸਾਧਨ ਹੀ ਨਹੀਂ ਸਗੋਂ ਇਹ ਰੂਹ ਦੀ ਖੁਰਾਕ, ਮਾਨਸਿਕ ਸ਼ਾਂਤੀ ਅਤੇ ਭਾਵਨਾਵਾਂ ਨੂੰ ਪ੍ਰਗਟ ਕਰਨ ਦਾ ਇੱਕ ਸ਼ਕਤੀਸ਼ਾਲੀ ਮਾਧਿਅਮ ਹੈ ਜਿਵੇਂ ਪਿਆਰ, ਖੁਸ਼ੀ, ਗਮੀ ਆਦਿ। ਸੰਗੀਤ ਜੀਵਨ ਨੂੰ ਬਿਹਤਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਇਸ ਦੌਰਾਨ ਪ੍ਰਿੰਸੀਪਲ ਡਾ. ਨੀਤਿਕਾ ਜੀ ਨੇ ਸਰਦਾਰ ਗੁਰਜੀਤ ਸਿੰਘ ਜੀ ਨੂੰ ਸਨਮਾਨ ਚਿੰਨ੍ਹ ਦੇ ਕੇ ਧੰਨਵਾਦ ਕੀਤਾ, ਇਸ ਮੌਕੇ ਤੇ ਕਾਲਜ ਦਾ ਸਮੂਹ ਸਟਾਫ ਮੈਂਬਰ ਤੇ ਵਿਦਿਆਰਥੀ ਮੌਜੂਦ ਸਨ।

Principal
Lala Jagat Naryan Education College
Jalalabad (w)